# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ : 19-10-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਕੇਂਦਰੀ ਵਿਗਿਆਨ ਅਤੇ ਤਕਨਾਲੋਜੀ ਮੰਤਰੀ ਡਾ: ਜਿਤੇਂਦਰ ਸਿੰਘ ਨੇ ਕਿਹਾ - ਭਾਰਤ ਨੇ ਪਹਿਲੀ ਸਵਦੇਸ਼ੀ ਐਂਟੀ-ਬਾਇਓਟਿਕ ਦਵਾਈ, ਨੈਫਥਰੋ-ਮਾਈਸਿਨ ਵਿਕਸਤ ਕੀਤੀ ।
- ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ - ਸੂਬਾ ਵਾਸੀਆਂ ਦੇ ਸਿਹਤ ਸੰਭਾਲ ਖਰਚਿਆਂ ਵਿੱਚ 2000 ਕਰੋੜ ਰੁਪਏ ਦੀ ਕਟੌਤੀ ਹੋਈ ਏ I
- ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਪੂਰਥਲਾ ਅਤੇ ਜਲੰਧਰ ਜ਼ਿਲ੍ਹਿਆਂ ਦੇ 25 ਪਿੰਡਾਂ ਨੂੰ ਸਟੀਲ ਦੀਆਂ ਪਾਣੀ ਵਾਲੀਆਂ ਟੈਂਕੀਆਂ ਸੌਂਪੀਆਂ ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਪੰਜਾਬ ਦੇ ਮੁੱਖ ਮੰਤਰੀ , ਵਿਧਾਨ ਸਭਾ ਸਪੀਕਰ ਅਤੇ ਕੈਬਨਿਟ ਮੰਤਰੀਆਂ ਨੇ ਸਮੂਹ ਦੇਸ਼

ਵਾਸੀਆਂ, ਖਾਸ ਕਰਕੇ ਪੰਜਾਬੀਆਂ ਨੂੰ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀ ਵਧਾਈ ਦਿੱਤੀ ।

- ਤਿਉਹਾਰ ਦੌਰਾਨ ਮੁਸਾਫ਼ਰਾਂ ਭਾਰੀ ਦੀ ਭੀੜ ਨੂੰ ਦੇਖਦਿਆਂ ਭਾਰਤੀ ਰੇਲਵੇ ਵਲੋਂ ਦੇਸ਼ ਭਰ ਵਿੱਚ ਸੈਂਕੜੇ ਵਿਸ਼ੇਸ਼ ਰੇਲ ਗੱਡੀਆਂ ਚਲਾਈਆਂ ਗਈਆਂ।

## ਹੁਣ ਖਬਰਾਂ ਵਿਸਥਾਰ ਨਾਲ

-----------------------------------------------------------------

ਵਿਗਿਆਨ ਅਤੇ ਤਕਨਾਲੋਜੀ ਮੰਤਰੀ ਡਾ. ਜਿਤੇਂਦਰ ਸਿੰਘ ਨੇ ਕਿਹਾ ਏ ਕਿ ਭਾਰਤ ਨੇ ਫਾਰਮਾ-ਸਿਊਟੀਕਲ ਅਤੇ ਬਾਇਓ-ਟੈਕਨਾਲੋਜੀ ਖੇਤਰ ਵਿੱਚ ਆਤਮ -ਨਿਰਭਰਤਾ ਵੱਲ ਇੱਕ ਮਹੱਤਵਪੂਰਨ ਮੀਲ ਪੱਥਰ ਪ੍ਰਾਪਤ ਕਰਦਿਆਂ ਆਪਣੀ ਪਹਿਲੀ ਸਵਦੇਸ਼ੀ ਐਂਟੀਬਾਇਓਟਿਕ, ਨੈਫਥਰੋ-ਮਾਈਸਿਨ ਵਿਕਸਤ ਕੀਤੀ ਏ । ਕੱਲ੍ਹ ਨਵੀਂ ਦਿੱਲੀ ਵਿੱਚ ਤਿੰਨ ਦਿਨਾਂ ਮੈਡੀਕਲ ਵਰਕਸ਼ਾਪ ਦਾ ਉਦਘਾਟਨ ਕਰਦਿਆਂ, ਉਨ੍ਹਾਂ ਕਿਹਾ ਕਿ ਇਹ ਐਂਟੀਬਾਇਓਟਿਕ ਦਵਾਈ-ਰੋਧਕ ਸਾਹ ਦੇ ਸੰਕਰਮਣ ਨੂੰ ਖਤਮ ਕਰਨ ਵਿੱਚ ਪ੍ਰਭਾਵਸ਼ਾਲੀ ਏ। ਉਨ੍ਹਾਂ ਕਿਹਾ ਕਿ ਇਹ ਦਵਾਈ ਕੈਂਸਰ ਦੇ ਮਰੀਜ਼ਾਂ ਅਤੇ ਬੇਕਾਬੂ ਸ਼ੂਗਰ ਵਾਲੇ ਲੋਕਾਂ ਲਈ ਵਿਸ਼ੇਸ਼ ਤੌਰ 'ਤੇ ਲਾਭਦਾਇਕ ਏ। ਡਾ. ਜਿਤੇਂਦਰ ਸਿੰਘ ਨੇ ਇੱਕ ਹੋਰ ਵੱਡੀ ਵਿਗਿਆਨਕ ਪ੍ਰਾਪਤੀ, ਹੀਮੋਫੀਲੀਆ ਦੇ ਇਲਾਜ ਲਈ ਜੀਨ ਥੈਰੇਪੀ ਦੀ ਸਫਲ

ਸਵਦੇਸ਼ੀ ਕਲੀਨਿਕਲ ਅਜ਼ਮਾਇਸ਼ ਬਾਰੇ ਵੀ ਜਾਣਕਾਰੀ ਦਿੱਤੀ । ਡਾ. ਜਿਤੇਂਦਰ ਸਿੰਘ ਨੇ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਦੇਸ਼ ਨੂੰ ਆਪਣੇ ਵਿਗਿਆਨਕ ਅਤੇ ਖੋਜ ਵਿਕਾਸ ਨੂੰ ਤੇਜ਼ ਕਰਨ ਲਈ ਇੱਕ ਆਤਮ - ਨਿਰਭਰ ਈਕੋਸਿਸਟਮ ਵਿਕਸਤ ਕਰਨਾ ਚਾਹੀਦਾ ਏ । ਉਨ੍ਹਾਂ ਦੱਸਿਆ ਕਿ ਏ.ਆਈ-ਅਧਾਰਤ ਹਾਈਬ੍ਰਿਡ ਮੋਬਾਈਲ ਕਲੀਨਿਕ ਪੇਂਡੂ ਅਤੇ ਦੂਰ-ਦੁਰਾਡੇ ਦੇ ਖੇਤਰਾਂ ਵਿੱਚ ਸੇਵਾਵਾਂ ਪ੍ਰਦਾਨ ਕਰ ਰਹੇ ਹਨ, ਸਾਰਿਆਂ ਲਈ ਗੁਣਵੱਤਾ ਵਾਲੀ ਸਿਹਤ ਸੰਭਾਲ ਯਕੀਨੀ ਬਣਾ ਰਹੇ ਹਨ।

---

ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਮੁੱਢਲੀ ਸਿਹਤ ਸੰਭਾਲ ਨੂੰ ਮਜ਼ਬੂਤ ਕਰਨ ਲਈ ਸ਼ੁਰੂ ਕੀਤੇ ਗਏ 'ਆਮ ਆਦਮੀ ਕਲੀਨਿਕ' ਪ੍ਰੋਜੈਕਟ ਨੇ ਇੱਕ ਹੋਰ ਮਹੱਤਵਪੂਰਨ ਮੀਲ ਪੱਥਰ ਹਾਸਲ ਕੀਤਾ ਏ I ਆਊਟਪੇਸ਼ੈਂਟ ਵਿਭਾਗ-OPD ਸੇਵਾਵਾਂ ਨੇ ਤਿੰਨ ਸਾਲਾਂ ਵਿੱਚ 4 ਕਰੋੜ 20 ਲਖ ਦੇ ਸ਼ਾਨਦਾਰ ਅੰਕੜੇ ਅਤੇ ਲੈਬ ਟੈਸਟ 2 ਕਰੋੜ 29 ਲਖ ਨੂੰ ਪਾਰ ਕਰ ਗਏ ਹਨ। ਵੇਰਵੇ ਸਾਂਝੇ ਕਰਦਿਆਂ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਦੱਸਿਆ ਕਿ 15 ਅਗਸਤ, 2022 ਤੋਂ ਹੁਣ ਤੱਕ ਸੂਬੇ ਵਿੱਚ 4 ਕਰੋੜ ਤੋਂ ਵੱਧ ਵਿਅਕਤੀਆਂ ਨੇ 881 ਆਮ ਆਦਮੀ ਕਲੀਨਿਕਾਂ ਤੋਂ ਮੁਫ਼ਤ ਇਲਾਜ ਪ੍ਰਾਪਤ ਕੀਤਾ ਏ । ਸ਼ਹਿਰੀ ਖੇਤਰਾਂ ਵਿੱਚ 316 ਅਤੇ ਪੇਂਡੂ ਖੇਤਰਾਂ ਵਿੱਚ 565 ਸਮੇਤ ਸੂਬੇ

ਵਿੱਚ ਕੁੱਲ 881 ਆਮ ਆਦਮੀ ਕਲੀਨਿਕ ਕਾਰਜਸ਼ੀਲ ਹਨ ਜਿਹਨਾਂ ਵਿੱਚ ਮੁਫ਼ਤ ਇਲਾਜ ਪ੍ਰਦਾਨ ਕੀਤਾ ਜਾ ਰਿਹਾ ਏ। ਇਸ ਤੋਂ ਇਲਾਵਾ 107 ਕਿਸਮਾਂ ਦੀਆਂ ਮੁਫ਼ਤ ਦਵਾਈਆਂ ਅਤੇ 47 ਕਿਸਮਾਂ ਦੇ ਮੁਫ਼ਤ ਡਾਇਗਨੋਸਟਿਕ ਟੈਸਟਾਂ ਦੀ ਸਹੂਲਤ ਵੀ ਦਿੱਤੀ ਜਾ ਰਹੀ ਏ। ਡਾ. ਬਲਬੀਰ ਸਿੰਘ ਨੇ ਸਾਰੀਆਂ 107 ਕਿਸਮਾਂ ਦੀਆਂ ਜ਼ਰੂਰੀ ਦਵਾਈਆਂ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ ਵਿਭਾਗ ਦੀ ਵਚਨਬੱਧਤਾ ਨੂੰ ਦੁਹਰਾਇਆ। ਉਹਨਾਂ ਦੱਸਿਆ ਕਿ ਇਹਨਾਂ ਕਲੀਨਿਕਾਂ ਨੇ ਵਿਅਕਤੀਆਂ ਲਈ ਸਿਹਤ ਸੰਭਾਲ ਖਰਚਿਆਂ ਨੂੰ 2000 ਕਰੋੜ ਰੁਪਏ ਦੀ ਵੱਡੀ ਰਕਮ ਘਟਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਏ। ਉਨ੍ਹਾਂ ਸਰਵੇਖਣ ਦੇ ਨਤੀਜੇ ਪੇਸ਼ ਕਰਦਿਆਂ ਦੱਸਿਆ ਕਿ ਤਾਜ਼ਾ ਮਰੀਜ਼ਾਂ ਦੇ ਪ੍ਰਤੀਕਰਮ ਮੁਤਾਬਿਕ , ਪ੍ਰਭਾਵੀ 98 ਫ਼ੀਸਦ ਮਰੀਜ਼ਾਂ ਨੇ ਕਲੀਨਿਕ ਤੋਂ ਹੀ ਦਵਾਈਆਂ ਮਿਲਣ ਦੀ ਰਿਪੋਰਟ ਕੀਤੀ। ਮੰਤਰੀ ਨੇ ਕਿਹਾ ਕਿ ਅਧਿਕਾਰੀਆਂ ਨੂੰ ਸਾਰੀਆਂ ਲੋੜੀਂਦੀਆਂ ਦਵਾਈਆਂ ਦੇ ਸਟਾਕ ਦੀ ਹਰ ਸਮੇਂ ਉਪਲਬਧਤਾ ਨੂੰ ਯਕੀਨੀ ਬਣਾਉਣ ਸਬੰਧੀ ਸਖ਼ਤ ਨਿਰਦੇਸ਼ ਦਿੱਤੇ।

---

ਰਾਜ ਸਭਾ ਮੈਂਬਰ ਤੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਪੂਰਥਲਾ ਅਤੇ ਜਲੰਧਰ ਜ਼ਿਲ੍ਹਿਆਂ ਦੇ 25 ਪਿੰਡਾਂ ਨੂੰ ਦੀਵਾਲੀ ਦੇ ਤੋਹਫ਼ੇ ਵਜੋਂ ਸਟੀਲ ਦੀਆਂ ਪਾਣੀ ਵਾਲੀਆਂ ਟੈਂਕੀਆਂ ਸੌਂਪੀਆਂ। ਇਹ

ਟੈਂਕੀਆਂ ਨਿਰਮਲ ਕੁਟੀਆ ਸੁਲਤਾਨਪੁਰ ਲੋਧੀ ਤੇ ਸੀਚੇਵਾਲ ਤੋਂ ਰਵਾਨਾ ਕੀਤੀਆਂ ਗਈਆਂ। ਸੰਤ ਸੀਚੇਵਾਲ ਨੇ ਦੱਸਿਆ ਕਿ ਪਵਿੱਤਰ ਕਾਲੀ ਵੇਈਂ ਦੀ ਸਫ਼ਾਈ ਸੇਵਾ ਦੇ 25 ਸਾਲ ਪੂਰੇ ਹੋਣ ਦੇ ਮੌਕੇ ‘ਤੇ ਸਾਲ ਭਰ ਸਮਾਗਮ ਚੱਲਣਗੇ। ਇਸੇ ਸਿਲਸਿਲੇ ਵਿੱਚ ਇਹ ਟੈਂਕੀਆਂ ਪਿੰਡਾਂ ਨੂੰ ਦਿੱਤੀਆਂ ਗਈਆਂ ਹਨ। ਉਹਨਾਂ ਹੁਣ ਤੱਕ ਆਪਣੇ ਅਖਤਿਆਰੀ ਫੰਡ ਵਿੱਚੋਂ ਸਾਢੇ 7 ਕਰੋੜ ਦੀ ਗ੍ਰਾਂਟ ਨਾਲ 215 ਪਾਣੀ ਵਾਲੀਆਂ ਟੈਂਕੀਆਂ ਪੰਜਾਬ ਭਰ ਦੇ ਪਿੰਡਾਂ ਵਿੱਚ ਵੰਡੀਆਂ ਹਨ। ਪਿੰਡਾਂ ਦੇ ਸਰਪੰਚਾਂ ਨੇ ਕਿਹਾ ਕਿ ਇਹ ਸਟੀਲ ਦੀਆਂ ਟੈਂਕੀਆਂ ਪਿੰਡਾਂ ਲਈ ਫਾਇਦੇਮੰਦ ਸਾਬਿਤ ਹੋਣਗੀਆਂ । ਇਹਨਾਂ ਨਾਲ ਪਾਣੀ ਦੀ ਕਮੀ ਦੂਰ ਹੋਵੇਗੀ, ਬੂਟਿਆਂ ਨੂੰ ਪਾਣੀ ਲਗਾਉਣ ਤੇ ਅੱਗ ਬੁਝਾਉਣ ਵਿੱਚ ਵੀ ਮਦਦ ਮਿਲੇਗੀ। ਧਾਰਮਿਕ ਸਮਾਗਮਾਂ ਦੌਰਾਨ ਪਾਣੀ ਦੀ ਸਭ ਤੋਂ ਵੱਡੀ ਸਮੱਸਿਆ ਹੁੰਦੀ ਸੀ ਜੋ ਹੁਣ ਹੱਲ ਹੋ ਗਈ ਏ । ਸੰਤ ਸੀਚੇਵਾਲ ਨੇ ਪਿੰਡਾਂ ਦੇ ਵਾਸੀਆਂ ਨੂੰ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਵਧਾਈਆਂ ਦਿੰਦਿਆਂ ਹਰੀ ਦੀਵਾਲੀ ਮਨਾਉਣ ਦਾ ਸੱਦਾ ਦਿੱਤਾ।

---

**BREAK**

**ਇਹ ਖਬਰਾਂ ਤੁਸੀਂ ਅਕਾਸ਼ਵਾਣੀ ਤੋਂ ਸੁਣ ਰਹੇ ਓ ।**

**>ਸਾਡਾ X ਹੈਂਡਲ ਏ**

**AT THE RATE AIR RNU JALANDHAR**

**>ਸਾਡਾ FACEBOOK PAGE ਏ -**

**RNU HYPHEN AIR JALANDHAR**

**ਅਤੇ**

**>YOUTUBE ਤੇ ਸਾਡਾ CHANNEL ਏ -**

**AT THE RATE AIR JALANDHAR**

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ,ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ,ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਅਤੇ ਕੈਬਨਿਟ ਮੰਤਰੀਆਂ ਨੇ ਸਮੂਹ ਦੇਸ਼ ਵਾਸੀਆਂ, ਖਾਸ ਕਰਕੇ ਪੰਜਾਬੀਆਂ ਨੂੰ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀ ਵਧਾਈ ਦਿੱਤੀ ਏ । ਇੱਕ ਸਾਂਝੇ ਸੰਦੇਸ਼ ਵਿੱਚ ਕੈਬਿਨੇਟ ਮੰਤਰੀਆਂ ਨੇ ਕਿਹਾ ਕਿ ਦੀਵਾਲੀ ਤਿਉਹਾਰ ਝੂਠ ’ਤੇ ਸੱਚ, ਅਧਰਮ ’ਤੇ ਧਰਮ ਅਤੇ ਬੁਰਾਈ ’ਤੇ ਚੰਗਿਆਈ ਦੀ ਜਿੱਤ ਦਾ ਪ੍ਰਤੀਕ ਏ ਅਤੇ ਦੇਸ਼ ਦੀ ਸਭਿਆਚਾਰਕ ਵਿਰਾਸਤ ਦੀਆਂ ਕਦਰਾਂ ਕੀਮਤਾਂ ਅਤੇ ਵਿਚਾਰਾਂ ਨੂੰ ਦਰਸਾਉਂਦਾ ਏ । ਉਨ੍ਹਾਂ ਨੇ ਅਪੀਲ ਕੀਤੀ ਕਿ ਵਾਤਾਵਰਣ ਨੂੰ ਸੁਰੱਖਿਅਤ ਬਨਾਉਣ ਲਈ

ਸਭਨਾਂ ਨੂੰ ਗਰੀਨ ਦੀਵਾਲੀ ਮਨਾਉਣ ਦੀ ਪਹਿਲ ਕਰਨੀ ਚਾਹੀਦੀ ਏ ਕਿਉਂਕਿ ਪ੍ਰਦੂਸ਼ਣ ਦੀ ਸਮੱਸਿਆ ਗੰਭੀਰ ਏ ਅਤੇ ਇਹ ਸਾਨੂੰ ਸਾਰਿਆਂ ਨੂੰ ਪ੍ਰਭਾਵਿਤ ਕਰ ਰਹੀ ਏ । ਇਸ ਮੌਕੇ ਉਨ੍ਹਾਂ ਨੇ ਸੂਬੇ ਦੇ ਲੋਕਾਂ ਦੀ ਭਲਾਈ ਤੇ ਚੰਗੀ ਸਿਹਤ ਲਈ ਅਰਦਾਸ ਵੀ ਕੀਤੀ ਅਤੇ ਉਮੀਦ ਪ੍ਰਗਟਾਈ ਕਿ ਇਹ ਤਿਉਹਾਰ ਫਿਰਕੂ ਸਦਭਾਵਨਾ, ਭਾਈਚਾਰਕ ਸਾਂਝ, ਸ਼ਾਂਤੀ ਅਤੇ ਧਰਮ ਨਿਰਪੱਖਤਾ ਦੀਆਂ ਤੰਦਾਂ ਨੂੰ ਹੋਰ ਮਜ਼ਬੂਤ ਕਰੇਗਾ। ਮੰਤਰੀਆਂ ਨੇ ਸਾਰੇ ਦੇਸ਼ ਵਾਸੀਆਂ ਖਾਸ ਤੌਰ 'ਤੇ ਸਿੱਖਾਂ ਨੂੰ ਇਤਿਹਾਸਕ 'ਬੰਦੀ ਛੋੜ ਦਿਵਸ' ਮੌਕੇ ਵੀ ਵਧਾਈ ਦਿੱਤੀ ਏ । ਇਸ ਦਿਨ ਛੇਵੇਂ ਗੁਰੂ ਸ੍ਰੀ ਹਰਗੋਬਿੰਦ ਸਾਹਿਬ ਨੇ ਸਾਲ 1612 ਦੀਵਾਲੀ ਵਾਲੇ ਦਿਨ ਗਵਾਲੀਅਰ ਦੇ ਕਿਲੇ ਤੋਂ 52 ਹਿੰਦੂ ਰਾਜਿਆਂ ਦੀ ਰਿਹਾਈ ਕਰਵਾਈ ਸੀ।

------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵਲੋਂ ਇਸ ਵਾਰ ਪ੍ਰਦੂਸ਼ਣ ਮੁਕਤ ਅਤੇ ਗ੍ਰੀਨ ਦੀਵਾਲੀ ਨੂੰ ਸਥਾਨਕ ਉਤਪਾਦਾਂ ਨਾਲ ਮਨਾਉਣ ਦਾ ਸੱਦਾ ਦਿੱਤਾ ਹੋਇਆ ਏ I ਪੰਜਾਬ ਦੇ ਵੱਖ ਵੱਖ ਜ਼ਿਲਿਆਂ ਤੋਂ ਲੋਕਾਂ ਨੇ ਇਸ ਬਾਰੇ ਆਕਾਸ਼ਵਾਣੀ ਨਾਲ ਆਪਣੇ ਵਿਚਾਰ ਸਾਂਝੇ ਕੀਤੇ

BYTE

------------------------------------------------------------------------

ਦੀਵਾਲੀ ਯਾਤਰਾ ਭੀੜ ਤਿਉਹਾਰ ਦੌਰਾਨ ਮੁਸਾਫ਼ਰਾਂ ਭਾਰੀ ਦੀ ਭੀੜ ਨੂੰ

ਦੇਖਦਿਆਂ ਭਾਰਤੀ ਰੇਲਵੇ ਨੇ ਦੇਸ਼ ਭਰ ਵਿੱਚ ਸੈਂਕੜੇ ਵਿਸ਼ੇਸ਼ ਰੇਲ ਗੱਡੀਆਂ ਚਲਾਈਆਂ ਨੇ । ਜ਼ਿਆਦਾਤਰ ਮੁਸਾਫ਼ਰ ਉੱਤਰ ਪ੍ਰਦੇਸ਼ ਅਤੇ ਬਿਹਾਰ ਜਾ ਰਹੇ ਨੇ , ਜਦੋਂ ਕਿ ਚੇਨਈ ਤੋਂ 18 ਲੱਖ ਲੋਕ ਤਿਉਹਾਰ ਮਨਾਉਣ ਲਈ ਆਪਣੇ ਗ੍ਰਹਿ ਰਾਜਾਂ ਲਈ ਰਵਾਨਾ ਹੋ ਗਏ ਨੇ । ਰੇਲ ਮੰਤਰੀ ਅਸ਼ਵਨੀ ਵੈਸ਼ਨਵ ਨੇ ਕੱਲ੍ਹ ਨਵੀਂ ਦਿੱਲੀ ਰੇਲਵੇ ਸਟੇਸ਼ਨ ਦਾ ਦੌਰਾ ਕਰਦੇ ਹੋਏ ਕਿਹਾ ਕਿ ਨਵਾਂ ਹੋਲਡਿੰਗ ਖੇਤਰ ਇੱਕ ਸਮੇਂ ਵਿੱਚ 75 ਹਜ਼ਾਰ ਮੁਸਾਫ਼ਰਾਂ ਨੂੰ ਸੰਭਾਲਣ ਵਿੱਚ ਮਦਦ ਕਰ ਰਿਹਾ ਏ। ਹੋਲਡਿੰਗ ਖੇਤਰ ਵਿੱਚ ਟਿਕਟ ਕਾਊਂਟਰ ਅਤੇ ਪਖਾਨੇ ਸ਼ਾਮਿਲ ਨੇ। ਇਸ ਦੌਰਾਨ, ਘਰੇਲੂ ਹਵਾਈ ਕਿਰਾਏ ਵਿੱਚ ਤੇਜ਼ੀ ਨਾਲ ਵਾਧਾ ਹੋਇਆ ਏ। ਮੁੰਬਈ ਤੋਂ ਦਿੱਲੀ, ਲਖਨਊ ਅਤੇ ਅੰਮ੍ਰਿਤਸਰ ਲਈ ਉਡਾਣਾਂ ਸਭ ਤੋਂ ਮਹਿੰਗੀਆਂ ਨੇ । ਮੁਸਾਫ਼ਰਾਂ ਨੇ ਹਵਾਈ ਕਿਰਾਏ ਵਿੱਚ ਵਾਧੇ ਨੂੰ ਗੈਰ-ਵਾਜਬ ਦੱਸਿਆ ਏ ਅਤੇ ਤਰਕਸੰਗਤ ਬਣਾਉਣ ਦੀ ਮੰਗ ਕਰ ਰਹੇ ਨੇ । ਇਸ ਦੌਰਾਨ, ਏਅਰ ਇੰਡੀਆ ਨੇ ਤਕਨੀਕੀ ਕਾਰਨਾਂ ਦਾ ਹਵਾਲਾ ਦਿੰਦੇ ਹੋਏ ਦੀਵਾਲੀ ਤੋਂ ਕੁਝ ਦਿਨ ਪਹਿਲਾਂ ਮਿਲਾਨ ਤੋਂ ਦਿੱਲੀ ਲਈ ਆਪਣੀ ਅੰਤਰ-ਰਾਸ਼ਟਰੀ ਉਡਾਣ ਰੱਦ ਕਰ ਦਿੱਤੀ ਏ। ਸੈਂਕੜੇ ਫਸੇ ਹੋਏ ਮੁਸਾਫ਼ਰ ਹੁਣ ਸਿਰਫ਼ ਦੀਵਾਲੀ ਵਾਲੇ ਦਿਨ ਜਾਂ ਉਸ ਤੋਂ ਬਾਅਦ ਹੀ ਦਿੱਲੀ ਵਾਪਸ ਆ ਸਕਣਗੇ।

---------------------------------------------------------------------

-----------------------------------------------------------------------

ਫਰੀਦਕੋਟ ਪੁਲਿਸ ਤੇ ਖੁਰਾਕ ਸੁਰੱਖਿਆ ਟੀਮਾਂ ਨੇ 18 ਕੁਇੰਟਲ 50 ਕਿਲੋ ਨਕਲੀ ਮਠਿਆਈ ਜ਼ਬਤ ਕੀਤੀ ਏ I ਟੀਮਾਂ ਨੇ 70 ਕਿਲੋ ਮਿਲਕ ਕੇਕ, 180 ਕਿਲੋ ਖੋਇਆ ਬਰਫੀ ਅਤੇ 16 ਕੁਇੰਟਲ ਸੋਨ ਪਾਪੜੀ ਕੀਤੀ ਗਈ ਸੀਲ ਕੀਤੀ ਏ I ਲਏ ਗਏ ਨਮੂਨਿਆਂ ਦੇ ਅਧਾਰ ਤੇ ਅਗਲੀ ਕਾਰਵਾਈ ਕੀਤੀ ਜਾਵੇਗੀ। ਸਫਾਈ ਦਾ ਪੂਰਾ ਪ੍ਰਬੰਧ ਨਾ ਹੋਣ ਕਾਰਨ ਚਲਾਨ ਵੀ ਕੀਤਾ ਗਿਆ I ਐਸ.ਐਸ.ਪੀ ਡਾ. ਪ੍ਰਗਿਆ ਜੈਨ ਨੇ ਕਿਹਾ ਕਿ ਪੁਲਿਸ ਪ੍ਰਸ਼ਾਸ਼ਨ ਵੱਲੋਂ ਸਿਹਤ ਵਿਭਾਗ ਦੀਆ ਟੀਮਾਂ ਮਿਲ ਕੇ ਅਜਿਹੇ ਅਨਸਰਾ ਵਿਰੁੱਧ ਸਖਤੀ ਨਾਲ ਨਜਰ ਰੱਖੀ ਜਾ ਰਹੀ ਏ I

-----------------------------------------------------------------------

ਕਪੂਰਥਲਾ ਸਥਿਤ ਹਿੰਦੂ ਕੰਨਿਆ ਕਾਲਜ ਦੇ ਈਕੋ ਕਲੱਬ ਨੇ ਵਾਤਾਵਰਣ ਸਿੱਖਿਆ ਪ੍ਰੋਗਰਾਮ ਦੇ ਹਿੱਸੇ ਵਜੋਂ ਵਾਤਾਵਰਣ-ਅਨੁਕੂਲ ਦੀਵਾਲੀ ਮਨਾਉਣ ਦੀ ਸਹੁੰ ਚੁੱਕੀ।ਪ੍ਰੋਗਰਾਮ ਦਾ ਮੁੱਖ ਉਦੇਸ਼ ਪੰਜਾਬ ਰਾਜ ਵਿਗਿਆਨ ਅਤੇ ਤਕਨਾਲੋਜੀ ਕੌਂਸਲ ਅਤੇ ਵਾਤਾਵਰਣ ਮੰਤਰਾਲੇ ਦੀ ਅਗਵਾਈ ਹੇਠ ਵਾਤਾਵਰਣ ਸੁਰੱਖਿਆ ਅਤੇ ਜਾਗਰੂਕਤਾ ਮੁਹਿੰਮਾਂ ਨੂੰ ਉਤਸ਼ਾਹਿਤ ਕਰਨਾ ਏ। ਈਕੋ ਕਲੱਬ ਦੀ ਮੈਂਬਰ ਡਾ. ਵੀਨਾ ਕੁਮਾਰੀ ਨੇ ਉਨ੍ਹਾਂ ਨੂੰ ਪਟਾਕਿਆਂ, ਬਿਜਲੀ ਅਤੇ ਨਕਲੀ ਲਾਈਟਾਂ ਤੋਂ ਬਿਨਾਂ

ਦੀਵਾਲੀ, ਰੌਸ਼ਨੀਆਂ ਦੇ ਤਿਉਹਾਰ ਨੂੰ ਮਨਾਉਣ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਕਿਹਾ ਕਿ ਵਾਤਾਵਰਣ ਦੀ ਰੱਖਿਆ ਕਰਨਾ ਸਾਡੀ ਜ਼ਿੰਮੇਵਾਰੀ ਏ , ਅਤੇ ਅਸੀਂ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਲੋੜਵੰਦਾਂ ਦੀ ਮਦਦ ਕਰਕੇ ਇਸ ਦੀਵਾਲੀ ਦਾ ਜਸ਼ਨ ਮਨਾ ਸਕਦੇ ਹਾਂ। ਕਾਲਜ ਪ੍ਰਿੰਸੀਪਲ ਡਾ. ਅਰਚਨਾ ਗਰਗ ਨੇ ਸਮਾਗਮ ਦੀ ਸ਼ਲਾਘਾ ਕਰਦਿਆਂ ਵਿਦਿਆਰਥੀਆਂ ਨੂੰ ਵਾਤਾਵਰਣ ਸੁਰੱਖਿਆ ਵਿੱਚ ਯੋਗਦਾਨ ਪਾਉਣ ਲਈ ਉਤਸ਼ਾਹਿਤ ਕੀਤਾ।

---------------------------------------------------------------------

ਹੁਸ਼ਿਆਰਪੁਰ ਜ਼ਿਲ੍ਹੇ ਦੇ ਪਿੰਡ ਚੋਟਾਲਾ ਦੀ ਧੀ ਸਹਿਜਲਦੀਪ ਕੌਰ ਨੇ ਰਾਸ਼ਟਰੀ ਰੱਖਿਆ ਅਕਾਦਮੀ NDA ਦੀ ਮੈਰਿਟ ਲਿਸਟ ਵਿੱਚ 13ਵਾਂ ਰੈਂਕ ਪ੍ਰਾਪਤ ਕੀਤਾ ਏ । ਸਹਿਜਲਦੀਪ ਨੇ ਬਿਨਾ ਕਿਸੇ ਕੋਚਿੰਗ ਦੇ NDA ਦੀ ਪ੍ਰੀਖਿਆ ਪਾਸ ਕਰਕੇ ਇਹ ਉਪਲਬਧੀ ਹਾਸਲ ਕੀਤੀ। ਅੱਜ ਪਿੰਡ ਵਾਪਸ ਪਰਤਣ ਮੌਕੇ ਪਿੰਡ ਵਾਸੀਆਂ ਤੇ ਪਰਿਵਾਰ ਵੱਲੋਂ ਉਸਦਾ ਵਿਘਾ ਸਵਾਗਤ ਕੀਤਾ ਗਿਆ। ਉਹ ਪਿੰਡ ਦੀ ਪਹਿਲੀ ਕਮਿਸ਼ਨਡ ਅਫਸਰ ਬਣੇਗੀ। ਇਸ ਮੌਕੇ ਸ਼ੇਜਲਦੀਪ ਨੇ ਮਾਪਿਆਂ ਨੂੰ ਆਪਣੇ ਬੱਚਿਆਂ, ਖਾਸ ਕਰਕੇ ਧੀਆਂ ਨੂੰ ਪੜ੍ਹਾਈ ਲਈ ਉਤਸ਼ਾਹਿਤ ਕਰਨ ਦੀ ਅਪੀਲ ਕੀਤੀ।BYTE:

------------------------------------------------------------------

- ਕੇਂਦਰੀ ਵਿਗਿਆਨ ਅਤੇ ਤਕਨਾਲੋਜੀ ਮੰਤਰੀ ਡਾ: ਜਿਤੇਂਦਰ ਸਿੰਘ ਨੇ ਕਿਹਾ - ਭਾਰਤ ਨੇ ਪਹਿਲੀ ਸਵਦੇਸ਼ੀ ਐਂਟੀ-ਬਾਇਓਟਿਕ ਦਵਾਈ, ਨੈਫਥਰੋ-ਮਾਈਸਿਨ ਵਿਕਸਤ ਕੀਤੀ।
- ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ - ਸੂਬਾ ਵਾਸੀਆਂ ਦੇ ਸਿਹਤ ਸੰਭਾਲ ਖਰਚਿਆਂ ਵਿੱਚ 2000 ਕਰੋੜ ਰੁਪਏ ਦੀ ਕਟੌਤੀ ਹੋਈ ਏ I
- ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਪੂਰਥਲਾ ਅਤੇ ਜਲੰਧਰ ਜ਼ਿਲ੍ਹਿਆਂ ਦੇ 25 ਪਿੰਡਾਂ ਨੂੰ ਸਟੀਲ ਦੀਆਂ ਪਾਣੀ ਵਾਲੀਆਂ ਟੈਂਕੀਆਂ ਸੌਂਪੀਆਂ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਪੰਜਾਬ ਦੇ ਮੁੱਖ ਮੰਤਰੀ , ਵਿਧਾਨ ਸਭਾ ਸਪੀਕਰ ਅਤੇ ਕੈਬਨਿਟ ਮੰਤਰੀਆਂ ਨੇ ਸਮੂਹ ਦੇਸ਼ ਵਾਸੀਆਂ, ਖਾਸ ਕਰਕੇ ਪੰਜਾਬੀਆਂ ਨੂੰ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀ ਵਧਾਈ ਦਿੱਤੀ ।
- ਤਿਉਹਾਰ ਦੌਰਾਨ ਮੁਸਾਫ਼ਰਾਂ ਭਾਰੀ ਦੀ ਭੀੜ ਨੂੰ ਦੇਖਦਿਆਂ ਭਾਰਤੀ ਰੇਲਵੇ ਵਲੋਂ ਦੇਸ਼ ਭਰ ਵਿੱਚ ਸੈਂਕੜੇ ਵਿਸ਼ੇਸ਼ ਰੇਲ ਗੱਡੀਆਂ ਚਲਾਈਆਂ ਗਈਆਂ।

ਇਸਦੇ ਨਾਲ ਹੀ ਪ੍ਰਾਦੇਸ਼ਿਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !